# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :15-06-2026**

ਕੇਂਦਰੀ ਆਯੁਸ਼ ਮੰਤਰੀ ਪ੍ਰਤਾਪਰਾਓ ਜਾਧਵ ਨੇ ਅੱਜ ਕਿਹਾ ਏ ਕਿ ਅੰਤਰਰਾਸ਼ਟਰੀ ਯੋਗ ਦਿਵਸ 2026 ਦਾ ਮੁੱਖ ਰਾਸ਼ਟਰੀ ਸਮਾਗਮ 21 ਜੂਨ ਨੂੰ ਕੋਲਕਾਤਾ ਵਿੱਚ ਹੋਵੇਗਾ, ਜਿਸ ਦੀ ਅਗਵਾਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਰਨਗੇ । ਨਵੀਂ ਦਿੱਲੀ ਵਿੱਚ ਅੰਤਰਰਾਸ਼ਟਰੀ ਯੋਗ ਦਿਵਸ ਸਬੰਧੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ, ਮੰਤਰੀ ਨੇ ਕਿਹਾ ਕਿ ਅੰਤਰਰਾਸ਼ਟਰੀ ਯੋਗ ਦਿਵਸ 2026 ਦਾ ਵਿਸ਼ਾ "ਸਿਹਤਮੰਦ ਉਮਰ ਲਈ ਯੋਗ" ਏ ,। ਸ਼੍ਰੀ ਜਾਧਵ ਨੇ ਕਿਹਾ ਕਿ ਯੋਗ ਲੋਕਾਂ ਨੂੰ ਉਮਰ ਵਧਣ ਦੇ ਨਾਲ-ਨਾਲ ਸਿਹਤਮੰਦ, ਸਰਗਰਮ, ਸਵੈ-ਨਿਰਭਰ ਤੇ ਮਾਨਸਿਕ ਤੌਰ 'ਤੇ ਲਚਕੀਲਾ ਜੀਵਨ ਜੀਉਣ ਵਿੱਚ ਮਦਦ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਏ ।

---------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਫਰੀਦਕੋਟ ਵਿਖੇ ਸੰਸਦ ਮੈਂਬਰ ਡਾ. ਵਿਕਰਮਜੀਤ ਸਾਹਨੀ ਦੁਆਰਾ ਸਥਾਪਿਤ ਸਕਿਲ ਡਵੇਲਪਮੈਂਟ ਸੈਂਟਰ ਆਫ ਐਕਸੀਲੈਂਸ, ਦਾ ਉਦਘਾਟਨ ਕੀਤਾ ਏ। ਇਸ ਤੋਂ ਇਲਾਵਾ ਉਹਨਾਂ ਸਰਕਾਰੀ ਬ੍ਰਿਜੇਂਦਰ ਕਾਲਜ, ਫਰੀਦਕੋਟ ਵਿੱਚ ਡਾ. ਸਾਹਨੀ ਦੀ ਸਹਾਇਤਾ ਨਾਲ ਨਵੀਨੀਕਰਨ ਕੀਤੇ ਐਸਟ੍ਰੋਟਰਫ ਹਾਕੀ stadium ਵੀ ਖੇਤਰ ਦੇ ਨੌਜਵਾਨਾਂ ਨੂੰ ਸਮਰਪਿਤ ਕੀਤਾ। ਸੰਨ ਫਾਊਂਡੇਸ਼ਨ ਪੰਜਾਬ ਵੱਲੋਂ ਇਹ ਪੰਜਵਾਂ ਹੁਨਰ ਵਿਕਾਸ ਕੇਂਦਰ ਸਥਾਪਿਤ ਕੀਤਾ ਗਿਆ ਏ , ਜੋ ਹਰ ਸਾਲ ਲਗਭਗ 1,000 ਨੌਜਵਾਨਾਂ ਨੂੰ ਮੁਫਤ ਹੁਨਰ ਸਿਖਲਾਈ ਤੇ ਰੁਜ਼ਗਾਰ ਸਹਾਇਤਾ ਪ੍ਰਦਾਨ ਕਰੇਗਾ। ਇਸ ਮੌਕੇ ਸੰਬੋਧਨ ਕਰਦੇ ਹੋਏ ਰਾਜਪਾਲ ਕਟਾਰੀਆ ਨੇ ਕਿਹਾ ਕਿ ਇਹ ਹੁਨਰ ਵਿਕਾਸ ਕੇਂਦਰ ਨੌਜਵਾਨਾਂ ਨੂੰ ਆਧੁਨਿਕ ਵਿਕਾਸ ਕਾਰਜਾਂ ਲਈ ਹੁਨਰ ਪ੍ਰਦਾਨ ਕਰਨ ਤੇ ਉਨ੍ਹਾਂ ਨੂੰ ਬਿਹਤਰ ਬਣਾਉਣ ਲਈ ਅਜੀਵਿਕਾ ਦੇ ਮੌਕੇ ਉਪਲਬਧ ਕਰਾਉਣ ਵਿਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਡਾ. ਸਾਹਨੀ ਨੇ ਇਸ ਨੂੰ ਇੱਕ ਭਾਵੁਕ ਪਲ ਦੱਸਦਿਆਂ ਕਿਹਾ ਕਿ ਫਰੀਦਕੋਟ ਮੇਰੇ ਲਈ ਨਕਸ਼ੇ ਤੇ ਕੇਵਲ ਇੱਕ ਸਥਾਨ ਨਹੀਂ ਬਲਕਿ ਇਹ ਮੇਰੀ ਜਨਮ ਭੂਮੀ ਏ , ਜਿਸ ਨੇ ਮੇਰੇ ਜੀਵਨ ਮੁੱਲਾਂ, ਵਿਅਕਤੀਤਵ ਤੇ ਜੀਵਨ ਯਾਤਰਾ ਨੂੰ ਆਕਾਰ ਦਿੱਤਾ ਏ

---

ਭਾਰਤੀ ਹਵਾਈ ਫੌਜ ਵੱਲੋਂ ਕੱਲ੍ਹ ਚੰਡੀਗੜ੍ਹ ਦੇ ਆਪਣੇ ਬੇਸ ਰਿਪੇਅਰ ਡਿਪੂ ਵਿਖੇ ਟ੍ਰਾਈ-ਸਰਵਿਸਜ਼ ਇਨੋਵੇਸ਼ਨ ਅਤੇ ਸਵਦੇਸ਼ੀਕਰਨ ਡਿਸਪਲੇ ਪ੍ਰਦਰਸ਼ਨੀ ਲਗਾਈ ਗਈ। ਪ੍ਰਦਰਸ਼ਨੀ ਨੇ ਭਾਰਤੀ ਫੌਜ, ਜਲ ਸੈਨਾ ਅਤੇ ਹਵਾਈ ਫੌਜ ਦੇ ਨਵੀਨਤਾਕਾਰੀ ਪ੍ਰੋਜੈਕਟਾਂ ਦਾ ਪ੍ਰਦਰਸ਼ਨ ਕੀਤਾ, ਜਿਸ ਵਿੱਚ ਤਿੰਨਾਂ ਸੈਨਾਵਾਂ ਵਿੱਚ ਰੱਖ-ਰਖਾਅ, ਮੁਰੰਮਤ ਅਤੇ ਸੰਚਾਲਨ ਸਮਰੱਥਾਵਾਂ ਨੂੰ ਵਧਾਉਣ ਦੇ ਉਦੇਸ਼ ਨਾਲ ਸਵਦੇਸ਼ੀ ਤਕਨੀਕੀ ਹੱਲਾਂ ਨੂੰ ਪਰਦਰਸ਼ਿਤ  ਕੀਤਾ ਗਿਆ। ਪ੍ਰਦਰਸ਼ਨੀ ਵਿੱਚ ਹੈਲੀਕਾਪਟਰਾਂ ਤੇ  ਜੈਮਰ ਆਦਿ ਲਈ ਤਿਆਰ ਕੀਤੀਆਂ ਗਈਆਂ ਬਹੁਤ ਸਾਰੀਆਂ ਕਾਢਾਂ ਨੂੰ ਪ੍ਰਦਰਸ਼ਿਤ ਕੀਤਾ ਗਿਆ। ਇਸ ਪ੍ਰਦਰਸ਼ਨੀ  ਨੇ ਤਿੰਨਾਂ ਸੈਨਾਵਾਂ  ਦੀ ਨਵੀਨਤਾ ਪ੍ਰਤੀ ਵਚਨਬੱਧਤਾ ਤੇ ਆਤਮਾ-ਨਿਰਭਰ ਭਾਰਤ ਦੇ ਦ੍ਰਿਸ਼ਟੀਕੋਣ  ਅਨੁਸਾਰ ਸਵੈ-ਨਿਰਭਰਤਾ ਅਤੇ ਤਕਨੀਕੀ ਤਰੱਕੀ ਨੂੰ ਉਜਾਗਰ ਕੀਤਾ।

---

ਕਪੂਰਥਲਾ ਆਬਕਾਰੀ ਵਿਭਾਗ ਨੇ ਸੁਲਤਾਨਪੁਰ ਲੋਧੀ ਸਬ-ਡਿਵੀਜ਼ਨ ਦੇ ਪਿੰਡਾਂ ਤੋਤੀ ਤੇ ਲਾਟੀਆਂ ਵਿੱਚ ਛਾਪੇਮਾਰੀ ਕੀਤੀ ਅਤੇ ਵੱਡੀ ਮਾਤਰਾ ਵਿੱਚ ਨਾਜਾਇਜ਼ ਸ਼ਰਾਬ ਤੇ ਇਸ ਦੇ ਉਤਪਾਦਨ ਲਈ ਵਰਤੇ ਜਾਣ ਵਾਲੇ

ਉਪਕਰਣ ਬਰਾਮਦ ਕੀਤੇ।ਆਬਕਾਰੀ ਅਧਿਕਾਰੀ ਸੁਖਜੀਤ ਸਿੰਘ ਚਾਹਲ ਨੇ ਕਿਹਾ ਕਿ ਕਾਰਵਾਈ ਦੌਰਾਨ, ਅਧਿਕਾਰੀਆਂ ਨੇ ਦੋਵਾਂ ਪਿੰਡਾਂ ਤੋਂ ਡਰੰਮਾਂ ਵਿੱਚ ਸਟੋਰ ਕੀਤੀ ਲਗਭਗ 2000 ਲੀਟਰ ਲਾਹਣ ਅਤੇ 70 ਲੀਟਰ ਨਾਜਾਇਜ਼ ਸ਼ਰਾਬ ਬਰਾਮਦ ਕੀਤੀ। ਬਰਾਮਦ ਕੀਤੀ ਗਈ ਸਮੱਗਰੀ ਨੂੰ ਨਿਯਮਾਂ ਅਨੁਸਾਰ ਮੌਕੇ 'ਤੇ ਹੀ ਨਸ਼ਟ ਕਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਵਿਭਾਗ ਗੈਰ-ਕਾਨੂੰਨੀ ਸ਼ਰਾਬ ਦੇ ਵਪਾਰ 'ਤੇ ਸ਼ਿਕੰਜਾ ਕੱਸਣ ਲਈ ਵਚਨਬੱਧ ਏ। ਉਨ੍ਹਾਂ ਚੇਤਾਵਨੀ ਦਿੱਤੀ ਕਿ ਨਾਜਾਇਜ਼ ਸ਼ਰਾਬ ਦੇ ਨਿਰਮਾਣ, ਢੋਆ-ਢੁਆਈ ਅਤੇ ਵਿਕਰੀ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

------------------------------------------------------------------------

ਜਲੰਧਰ ਵਿਖੇ ਪਠਾਨਕੋਟ ਰੋਡ ਤੇ ਅੱਜ ਸਵੇਰੇ ਹੋਏ ਇੱਕ ਸੜਕ ਹਾਦਸੇ ਵਿੱਚ, ਇੱਕ ਅਣਪਛਾਤੀ ਬੱਸ ਨੇ ਇੱਕ ਮੋਟਰ ਰੇਹੜੀ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਮਾਂ-ਧੀ ਸਮੇਤ ਇੱਕ ਪਰਿਵਾਰ ਦੇ ਦੋ ਮੈਂਬਰਾਂ ਦੀ ਮੌਤ ਹੋ ਗਈ ਜਦਕਿ ਦੂਜੀ ਧੀ ਗੰਭੀਰ ਜ਼ਖਮੀ ਹੋ ਗਈ। ਬੱਸ ਡਰਾਈਵਰ ਹਾਦਸੇ ਵਾਲੀ ਥਾਂ ਤੋਂ ਬੱਸ ਲੈ ਕੇ ਫਰਾਰ ਹੋ ਗਿਆ ਦੱਸਿਆ ਜਾ ਰਿਹਾ ਏ। ਪੁਲਿਸ ਜਾਂਚ ਜਾਰੀ ਏ।

------------------------------------------------------------------------

ਵਿਸ਼ਵ ਸਾਈਕਲ ਦਿਵਸ ਮੌਕੇ ਕਪੂਰਥਲਾ ਦੇ ਗੁਰੂ ਨਾਨਕ ਦੇਵ ਜੀ ਸਟੇਡੀਅਮ, ਵਿਖੇ ਅਸ਼ਮਿਤਾ ਖੇਲੋ ਇੰਡੀਆ ਵਿਮੈਨ ਸਿਟੀ ਲੀਗ ਤੇ ਵਿਸ਼ਾਲ ਸਾਈਕਲ ਰੈਲੀ ਕਰਵਾਈ ਗਈ । ਇਸ ਬਾਰੇ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂਨੇ ਕਿਹਾ ਕਿ ਪੰਜਾਬ ਦੀ ਸਾਈਕਲਿੰਗ ਨੂੰ ਬੁਲੰਦੀਆਂ 'ਤੇ ਲੈ ਕੇ ਜਾਣਾ ਸਾਈਕਲਿੰਗ ਐਸੋਸੀਏਸ਼ਨ ਪੰਜਾਬ ਦਾ ਟੀਚਾ ਏ । ਰੈਲੀ ਦਾ ਮੁੱਖ ਮਕਸਦ ਮਹਿਲਾਵਾਂ ਨੂੰ ਸਾਈਕਲਿੰਗ ਖੇਡ ਨਾਲ ਜੋੜਨਾ, ਉਨ੍ਹਾਂ ਨੂੰ ਖੇਡਾਂ ਪ੍ਰਤੀ ਪ੍ਰੇਰਿਤ ਕਰਨਾ ਤੇ ਸਿਹਤਮੰਦ ਜੀਵਨਸ਼ੈਲੀ ਵੱਲ ਉਤਸ਼ਾਹਿਤ ਕਰਨਾ ਸੀ । ਉਹਨਾਂ ਦੱਸਿਆ ਕਿ ਰੈਲੀ ਵਿੱਚ ਵੱਖ-ਵੱਖ ਉਮਰ ਵਰਗਾਂ ਦੀਆਂ ਮਹਿਲਾ ਖਿਡਾਰੀਆਂ ਨੇ ਭਾਗ ਲਿਆ । ਰੈਲੀ ਤੋਂ ਬਾਅਦ ਐਲਾਣੇ ਨਤੀਜਿਆਂ ਅਨੁਸਾਰ ਅਲੀਟ ਵਰਗ ਵਿੱਚ ਆਸ਼ਾ ਨੇ ਪਹਿਲਾ, ਲਵਲੀਨ ਕੌਰ ਨੇ ਦੂਜਾ ਅਤੇ ਆਸੀਮੀ ਨੇ ਤੀਜਾ ਸਥਾਨ ਹਾਸਲ ਕੀਤਾ । ਜੂਨੀਅਰ ਵਰਗ ਵਿੱਚ ਤਨਵੀਰ ਕੌਰ ਨੇ ਪਹਿਲਾ, ਆਰਾਧਿਆ ਨੇ ਦੂਜਾ ਅਤੇ ਆਨਾਇਆ ਨੇ ਤੀਜਾ ਸਥਾਨ ਪ੍ਰਾਪਤ ਕੀਤਾ । ਇਸੇ ਤਰ੍ਹਾਂ ਸਬ ਜੂਨੀਅਰ ਵਰਗ ਵਿੱਚ ਸੀਰਤਜੋਤ ਨੇ ਪਹਿਲਾ, ਮੁਸਕਾਨ ਨੇ ਦੂਜਾ ਤੇ ਹਰਰੂਪ ਕੌਰ

---------------------------------------------------------------------------

ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਦੇ ਨਾਲ ਹੀ ਬਠਿੰਡਾ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿਖੇ ਵੀ ਅਜਿਹੀ ਹੀ ਲੀਗ ਤੇ ਰੈਲੀ ਕੱਢੀ ਗਈ, ਜਿਸ ਵਿੱਚ ਨੌਜਵਾਨ ਲੜਕੇ-ਲੜਕੀਆਂ, ਪੁਰਸ਼ਾਂ ਅਤੇ ਔਰਤਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਇਸ ਮੌਕੇ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਦੇ ਸੀਨੀਅਰ ਅਹੁਦੇਦਾਰ ਬਖਸ਼ੀਸ਼ ਸਿੰਘ ਨੇ ਕਿਹਾ ਕਿ ਸਾਈਕਲਿੰਗ ਸਿਰਫ਼ ਇੱਕ ਖੇਡ ਨਹੀਂ, ਸਗੋਂ ਸਿਹਤਮੰਦ ਅਤੇ ਅਨੁਸ਼ਾਸਿਤ ਜੀਵਨਸ਼ੈਲੀ ਦਾ ਅਹਿਮ ਹਿੱਸਾ ਏ।

--------------------------------------------------------------------------------

ਪੰਜਾਬ ਅਤੇ ਚੰਡੀਗੜ੍ਹ ਵਿੱਚ ਗਰਮੀ ਨੇ ਇੱਕ ਵਾਰ ਫਿਰ ਜ਼ੋਰ ਫੜ ਲਿਆ ਏ। ਪਿਛਲੇ 24 ਘੰਟਿਆਂ ਦੌਰਾਨ ਤਾਪਮਾਨ ਵਿੱਚ 5.4 ਡਿਗਰੀ ਸੈਲਸੀਅਸ ਦਾ ਵਾਧਾ ਦਰਜ ਕੀਤਾ ਗਿਆ ਏ। ਹਾਲਾਂਕਿ ਤਾਪਮਾਨ ਅਜੇ ਵੀ ਆਮ ਨਾਲੋਂ 2.2 ਡਿਗਰੀ ਸੈਲਸੀਅਸ ਘੱਟ ਏ। ਸੂਬੇ ਵਿੱਚ ਸਭ ਤੋਂ ਵੱਧ ਤਾਪਮਾਨ ਪਟਿਆਲਾ ਵਿੱਚ 38.1 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਜਦਕਿ ਜ਼ਿਆਦਾਤਰ ਜ਼ਿਲ੍ਹਿਆਂ ਦਾ ਤਾਪਮਾਨ 33.9 ਤੋਂ 38.1 ਡਿਗਰੀ ਸੈਲਸੀਅਸ ਦੇ ਵਿਚਕਾਰ ਰਿਹਾ। ਮੌਸਮ ਵਿਗਿਆਨ ਕੇਂਦਰ ਚੰਡੀਗੜ੍ਹ ਅਨੁਸਾਰ ਅੱਜ

ਫਾਜ਼ਿਲਕਾ, ਫਿਰੋਜ਼ਪੁਰ, ਫਰੀਦਕੋਟ, ਸ੍ਰੀ ਮੁਕਤਸਰ ਸਾਹਿਬ, ਮੋਗਾ, ਬਰਨਾਲਾ, ਮਾਨਸਾ ਅਤੇ ਬਠਿੰਡਾ ਦੇ ਕੁਝ ਇਲਾਕਿਆਂ ਵਿੱਚ ਗਰਜ-ਚਮਕ ਨਾਲ ਹਲਕੀ ਬਾਰਿਸ਼ ਅਤੇ 40 ਤੋਂ 50 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਏ। ਇਸ ਸਬੰਧੀ ਯੈਲੋ ਅਲਰਟ ਵੀ ਜਾਰੀ ਕੀਤਾ ਗਿਆ ਏ।